Vigilance Bureau Punjab

# Vigilance Bureau arrests Deed Writer, his assistant for accepting Rs 225000 bribe

Chandigarh, May 23, 2024 -

The Punjab Vigilance Bureau (VB), during its ongoing campaign against corruption in the state has apprehended Kawarpal Singh (K.P) Vasika Navis (Deed Writer), working at Sub Division Qadian, Gurdaspur district and his assistant for demanding and accepting a bribe of Rs 225000.

Disclosing this here today an official spokesperson of the state VB said the above mentioned Deed Writer and his private assistant have been arrested on the basis of an online complaint lodged by Kulwant Singh, a resident of village Sherpur, tehsil Batala, Gudaspur district (now residing in Britain) on the Chief Minister Anti Corruption Action Line portal.

He further informed that the complainant has alleged in his complaint that said Vasika Navis had obtained a bribe of Rs 225000 from him in lieu of transferring ownership name (mutation) of their ancestral land in his name. Besides, his typist namely Sunny, had also demanded Rs 70,000 from him for entering the said mutation.

The spokesperson informed that during investigation of this complaint it was proved that the said Vasika Navis has taken a bribe of Rs 225000 in three installments from the complainant for the above said motive. It was also found that his private assistant namely Sunny working in his office, had demanded Rs 70,000 from the complainant. Subsequently, both the accused have been arrested and role of concerned halqua Patwari and Naib Tehsildar would also be probed.

He added that in this regard a case under prevention of corruption act has been registered at VB police station Amritsar range. Further investigation into this case was under progress.

-----------

ਵਿਜੀਲੈਂਸ ਬਿਊਰੋ ਪੰਜਾਬ

## ਵਸੀਕਾ ਨਵੀਸ ਤੇ ਉਸ ਦਾ ਸਹਾਇਕ 225000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫਤਾਰ

ਚੰਡੀਗੜ੍ਹ, 23 ਮਈ, 2024 -

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸਬ ਡਵੀਜ਼ਨ ਕਾਦੀਆਂ, ਜ਼ਿਲ੍ਹਾ ਗੁਰਦਾਸਪੁਰ ਵਿਖੇ ਕੰਮ ਕਰਦੇ ਕੰਵਰਪਾਲ ਸਿੰਘ (ਕੇ.ਪੀ.) ਵਸੀਕਾ ਨਵੀਸ (ਡੀਡ ਰਾਈਟਰ) ਅਤੇ ਉਸਦੇ ਸਹਾਇਕ ਨੂੰ 225000 ਰੁਪਏ ਰਿਸ਼ਵਤ ਦੀ ਮੰਗ ਕਰਨ ਅਤੇ ਲੈਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਵਸੀਕਾ ਨਵੀਸ ਅਤੇ ਉਸ ਦੇ ਨਿੱਜੀ ਸਹਾਇਕ ਨੂੰ ਕੁਲਵੰਤ ਸਿੰਘ ਵਾਸੀ ਪਿੰਡ ਸ਼ੇਰਪੁਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ (ਮੌਜੂਦਾ ਸਮੇਂ ਬਰਤਾਨੀਆ ਨਿਵਾਸੀ) ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ ’ਤੇ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਵਸੀਕਾ ਨਵੀਸ ਨੇ ਉਸਦੀ ਜੱਦੀ ਜ਼ਮੀਨ ਦੀ ਮਲਕੀਅਤ (ਇੰਤਕਾਲ) ਉਸਦੇ ਨਾਂ ਕਰਵਾਉਣ ਬਦਲੇ ਉਸ ਕੋਲੋਂ 225000 ਰੁਪਏ ਦੀ ਰਿਸ਼ਵਤ ਲਈ ਸੀ। ਇਸ ਤੋਂ ਇਲਾਵਾ ਉਸ ਦੇ ਦਫ਼ਤਰ ਵਿੱਚ ਕੰਮ ਕਰਦੇ ਟਾਈਪਿਸਟ ਸੰਨੀ ਨੇ ਵੀ ਉਕਤ ਇੰਤਕਾਲ ਦਰਜ ਕਰਵਾਉਣ ਲਈ ਉਸ ਤੋਂ 70,000 ਰੁਪਏ ਦੀ ਮੰਗ ਕੀਤੀ ਸੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਜਾਂਚ ਦੌਰਾਨ ਇਹ ਪਾਇਆ ਗਿਆ ਕਿ ਉਕਤ ਵਸੀਕਾ ਨਵੀਸ ਨੇ ਉਕਤ ਸ਼ਿਕਾਇਤਕਰਤਾ ਤੋਂ ਤਿੰਨ ਕਿਸ਼ਤਾਂ ਵਿੱਚ 225000 ਰੁਪਏ ਦੀ ਰਿਸ਼ਵਤ ਲਈ ਹੈ। ਇਸ ਤੋਂ ਇਲਾਵਾ ਉਸ ਦੇ ਨਿੱਜੀ ਸਹਾਇਕ ਸੰਨੀ ਨੇ ਸ਼ਿਕਾਇਤਕਰਤਾ ਤੋਂ 70,000 ਰੁਪਏ ਦੀ ਮੰਗ ਕੀਤੀ ਸੀ। ਜਾਂਚ ਤੋਂ ਬਾਅਦ ਦੋਵਾਂ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਇਸ ਮੁਕੱਦਮੇ ਵਿੱਚ ਸਬੰਧਤ ਹਲਕਾ ਪਟਵਾਰੀ ਅਤੇ ਨਾਇਬ ਤਹਿਸੀਲਦਾਰ ਦੀ ਭੂਮਿਕਾ ਦੀ ਜਾਂਚ ਵੀ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

-------